OFFICE OF THE
DIRECTOR GENERAL OF
POLICE PUNJAB,
CHANDIGARH.

ਦਫਤਰ,
ਡਾਇਰੈਕਟਰ ਜਨਰਲ ਪੁਲਿਸ , ਪੰਜਾਬ,
ਚੰਡੀਗੜ੍ਹ ।

ਪ੍ਰਸ਼ਾਸਨ ਵਿੰਗ
(ਅਮਲਾ-1 ਸ਼ਾਖਾ)

ਵੱਲ

1. ਡੀ.ਜੀ.ਪੀ/ਇੰਟੈਲੀਜੈਂਸ, ਪੰਜਾਬ, ਚੰਡੀਗੜ੍ਹ।
2. ਏ.ਡੀ.ਜੀ.ਪੀ/ਆਰਮਡ ਬਨਜ:, ਜਲੰਧਰ।
3. ਏ.ਡੀ.ਜੀ.ਪੀ/ਬਿਊਰੋ ਆਫ ਇਨਵੈਸਟੀਗੇਸ਼ਨ, ਪੰਜਾਬ, ਚੰਡੀਗੜ੍ਹ।
4. ਏ.ਡੀ.ਜੀ.ਪੀ/ਜੀ.ਆਰ.ਪੀ, ਪੰਜਾਬ, ਪਟਿਆਲਾ।
5. ਮੁੱਖ ਡਾਇਰੈਕਟਰ ਵਿਜੀਲੈਂਸ ਬਿਊਰੋ, ਪੰਜਾਬ, ਚੰਡੀਗੜ੍ਹ।
6. ਸਮੂਹ ਕਮਿਸਨਰੇਟ ਪੁਲਿਸ, ਪੰਜਾਬ।
7. ਸਮੂਹ ਰੇਂਜ ਆਈ.ਜੀ.ਪੀ/ਡੀ.ਆਈ.ਜੀ, ਪੰਜਾਬ।

ਯਾਦ ਪੱਤਰ ਨੰ: 9152-66 /ਈ-1(3)
ਮਿਤੀ, ਚੰਡੀਗੜ੍ਹ: 26.07.2018

ਵਿਸ਼ਾ : ਪੰਜਾਬ ਪੁਲਿਸ ਐਕਟ, 2007 ਹੋਂਦ ਵਿੱਚ ਆਉਣ ਉਪਰੰਤ ਸਬ-ਇੰਸਪੈਕਟਰਾਂ ਦੀ ਜਿਲ੍ਹਾ ਕੇਡਰ ਅਤੇ ਆਰਮਡ ਕੇਡਰ ਵਿੱਚ ਵੰਡ ਕਰਨ ਸਬੰਧੀ।

*****

ਹਵਾਲਾ ਇਸ ਦਫਤਰ ਦੇ ਪੱਤਰ ਨੰ: 6707-48/ਈ-1(3) ਮਿਤੀ 04.06.2018, ਉਪਰੋਕਤ ਵਿਸੇ ਦੇ ਸਬੰਧ ਵਿੱਚ।

2. ਮਾਨਯੋਗ ਹਾਈਕੋਰਟ ਦੇ ਹੁਕਮਾਂ ਅਨੁਸਾਰ 20.02.2008 ਨੂੰ ਸਰਵਿੰਗ ਐਸ.ਆਈਜ ਦੀ ਲਿਸਟ ਪੰਜਾਬ ਪੁਲਿਸ ਵੈੱਬਸਾਈਟ ਤੇ ਅਪਲੋਡ ਕੀਤੀ ਗਈ ਸੀ। ਇਸ ਲਿਸਟ ਵਿੱਚ ਦਰਜ ਆਪ ਜੀ ਦੇ ਅਧੀਨ ਤਾਇਨਾਤ ਕਰਮਚਾਰੀਆਂ ਤੋਂ ਨਿਰਧਾਰਿਤ ਪ੍ਰੋਫਾਰਮੇ ਵਿੱਚ ਕੇਡਰਵਾਈਜ ਆਪਸ਼ਨ ਲੈ ਕੇ 21 ਦਿਨਾਂ (ਮਿਤੀ 25.06.2018 ਤੱਕ) ਦੇ ਅੰਦਰ-ਅੰਦਰ ਇਸ ਦਫਤਰ ਨੂੰ ਭੇਜਣ ਲਈ ਲਿਖਿਆ ਗਿਆ ਸੀ।

3. ਵੰਡ ਕਰਨ ਉਪਰੰਤ ਜਿਲ੍ਹਾ ਕੇਡਰ ਦੇ 1044 ਅਤੇ ਆਰਮਡ ਕੇਡਰ ਦੇ 632 ਐਸ.ਆਈ ਰੈਂਕ ਦੇ ਕਰਮਚਾਰੀਆਂ ਦੀਆਂ ਸੂਚੀਆਂ ਪੰਜਾਬ ਪੁਲਿਸ ਦੀ ਵੈੱਬਸਾਈਟ ਤੇ ਅਪਲੋਡ ਕਰ ਦਿੱਤੀਆਂ ਗਈਆਂ ਹਨ। ਜਿਲ੍ਹਾ ਕੇਡਰ ਅਤੇ ਆਰਮਡ ਕੇਡਰ ਵਿੱਚ ਕਰਮਚਾਰੀਆਂ ਦੀ ਵੰਡ ਉਹਨਾਂ ਵੱਲੋਂ ਦਿੱਤੀ ਆਪਸ਼ਨ, ਅਸਾਮੀ, ਮਿਤੀ 20.02.2008 ਨੂੰ ਉਹਨਾ ਦੀ ਤਾਇਨਾਤੀ ਅਤੇ ਪ੍ਰਬੰਧਕੀ ਅਧਾਰ ਤੇ ਕੀਤੀ ਗਈ ਹੈ। ਆਪ ਜੀ ਦੀ ਯੂਨਿਟ ਨਾਲ ਸਬੰਧਤ ਕਰਮਚਾਰੀਆਂ ਨੂੰ ਇਸ ਸਬੰਧੀ ਜਾਣੂ ਕਰਵਾਇਆ ਜਾਵੇ ਅਤੇ ਲਿਖਤੀ ਤੌਰ ਤੇ ਪੁੱਛਿਆ ਜਾਵੇ ਕਿ ਉਹਨਾਂ ਨੂੰ ਇਸ ਵੰਡ ਸਬੰਧੀ ਕੋਈ ਇਤਰਾਜ ਹੈ ਜਾਂ ਨਹੀਂ। ਜੇਕਰ ਇਸ ਵੰਡ ਸਬੰਧੀ ਕਿਸੇ ਕਰਮਚਾਰੀ ਨੂੰ ਇਤਰਾਜ ਹੈ ਤਾਂ 10 ਦਿਨਾਂ ਦੇ ਅੰਦਰ-ਅੰਦਰ (ਮਿਤੀ 05.08.2018) ਤੱਕ ਹਾਸਲ ਕਰਕੇ ਆਪਣੀ ਟਿੱਪਣੀ ਸਹਿਤ ਇਸ ਦਫਤਰ ਨੂੰ ਭੇਜਿਆ ਜਾਵੇ।

ਆਈ.ਜੀ.ਪੀ/ਸਥਾਨਕ
ਵਾ:ਡਾਇਰੈਕਟਰ ਜਨਰਲ ਪੁਲਿਸ, ਪੰਜਾਬ।

ਨੰਬਰ: 9167-9267/ਈ-1(3), ਮਿਤੀ : 26.07.2018

ਉਪਰੋਕਤ ਦਾ ਉਤਾਰਾ ਪੰਜਾਬ ਪੁਲਿਸ ਦੇ ਸਮੂਹ ਦਫਤਰਾਂ ਦੇ ਮੁੱਖੀਆਂ ਨੂੰ ਜਾਣਕਾਰੀ ਹਿੱਤ ਭੇਜਿਆ ਜਾਂਦਾ ਹੈ।

ਆਈ.ਜੀ.ਪੀ/ਸਥਾਨਕ
ਵਾ:ਡਾਇਰੈਕਟਰ ਜਨਰਲ ਪੁਲਿਸ, ਪੰਜਾਬ।

ਨੰਬਰ: 9268 /ਈ-1(3), ਮਿਤੀ : 26.07.2018

ਉਪਰੋਕਤ ਦਾ ਉਤਾਰਾ, ਸਮੇਤ ਜਿਲ੍ਹਾ ਕੇਡਰ ਦੇ 1044 ਅਤੇ ਆਰਮਡ ਕੇਡਰ ਦੇ 632 ਕਰਮਚਾਰੀਆਂ ਦੀ ਸੂਚੀਆਂ, ਇੰਚਾਰਜ, ਪੰਜਾਬ ਪੁਲਿਸ ਵੈੱਬਸਾਈਟ ਨੂੰ ਪੰਜਾਬ ਪੁਲਿਸ ਤੇ ਵੈੱਬਸਾਈਟ ਤੇ ਅਪਲੋਡ ਕਰਨ ਲਈ ਭੇਜੀਆਂ ਜਾਂਦੀਆਂ ਹਨ।

ਆਈ.ਜੀ.ਪੀ/ਸਥਾਨਕ
ਵਾ:ਡਾਇਰੈਕਟਰ ਜਨਰਲ ਪੁਲਿਸ, ਪੰਜਾਬ।